# ਡਾਇਰੈਕਟਰ ਜਨਰਲ ਸਕੂਲ ਐਜੁਕੇਸ਼ਨ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ ਬਲਾਕ, ਪੰਜਵੀਂ ਮੰਜਿਲ, ਫੇਜ਼-8, ਅਜੀਤਗੜ੍ਹ।

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),(ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), (ਨੋਟਿਸ ਬੋਰਡ ਰਾਹੀਂ)
ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)
ਪੰਜਾਬ।

ਮੀਮੋ ਨੰ : ਸਸਅ/ਐਮਸੀ/ 2015/3395
ਮਿਤੀ : 19-08-2015

ਵਿਸ਼ਾ :- **ਚੌਥੀ ਤੋਂ ਅੱਠਵੀਂ ਦੇ ਸਕੰਲਿਤ ਮੁਲਾਂਕਣ (SA-1), ਸਤੰਬਰ 2015 ਦੀ ਪ੍ਰੀਖਿਆ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਸਤੰਬਰ ਮਹੀਨੇ ਵਿੱਚ ਚੌਥੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਦਾ ਸਕੰਲਿਤ ਮੁਲਾਂਕਣ (SA-1) ਹੋਣਾ ਹੈ ਅਤੇ ਨੌਵੀਂ ਜਮਾਤ ਲਈ ਸਤੰਬਰ 2015 ਦੀ ਪ੍ਰੀਖਿਆ ਲਈ ਜਾਣੀ ਹੈ।ਇਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਕਿ ਵਿਦਿਆਰਥੀ ਇਸ ਮੁਲਾਂਕਣ/ਪ੍ਰੀਖਿਆ ਪ੍ਰਤੀ ਪੂਰਨ ਰੂਪ ਵਿੱਚ ਦੁਹਰਾਈ ਕਰ ਸਕਣ ਅਤੇ ਇਸ ਮੁਲਾਂਕਣ ਪ੍ਰਤੀ ਸੰਜੀਦਾ ਹੋ ਜਾਣ, ਤਹਿਤ ਸਮਾਂ ਸਾਰਨੀ ਜਾਰੀ ਕੀਤੀ ਜਾ ਰਹੀ ਹੈ ਜੋ ਕਿ ਹੇਠ ਲਿਖੇ ਅਨੁਸਾਰ ਹੈ:

| ਲੜੀ ਨੰ. | ਮਿਤੀ | ਦਿਨ | ਦਸਵੀਂ | ਨੌਵੀਂ | ਅਠਵੀਂ | ਸੱਤਵੀਂ | ਛੇਵੀਂ | ਪੰਜਵੀਂ | ਚੌਥੀ |
|---|---|---|---|---|---|---|---|---|---|
| 1 | 11.09.2015 | ਸ਼ੁੱਕਰਵਾਰ | ਗਣਿਤ | ਸਾਇੰਸ | ਅੰਗਰੇਜ਼ੀ | ਸਾਇੰਸ | ਸਾਇੰਸ | ---- | ---- |
| 2 | 14.09.2015 | ਸੋਮਵਾਰ | ਅੰਗਰੇਜ਼ੀ | ਗਣਿਤ | ਗਣਿਤ | ਅੰਗਰੇਜ਼ੀ | ਸਮਾਜਿਕ ਸਿੱਖਿਆ | ---- | ---- |
| 3 | 15.09.2015 | ਮੰਗਲਵਾਰ | ਪੰਜਾਬੀ ਏ | ਹਿੰਦੀ | ਸਰੀਰਕ ਸਿੱਖਿਆ | ਸਰੀਰਕ ਸਿੱਖਿਆ | ਸਰੀਰਿਕ ਸਿੱਖਿਆ | ਹਿੰਦੀ | ਪੰਜਾਬੀ |
| 4 | 16.09.2015 | ਬੁੱਧਵਾਰ | ਪੰਜਾਬੀ ਬੀ | ਸਰੀਰਕ ਸਿੱਖਿਆ | ਸਮਾਜਿਕ ਸਿੱਖਿਆ | ਪੰਜਾਬੀ | ਹਿੰਦੀ | ਗਣਿਤ | ਅੰਗਰੇਜ਼ੀ |
| 5 | 17.09.2015 | ਵੀਰਵਾਰ | ਚੌਣਵਾ ਵਿਸ਼ਾ | ਪੰਜਾਬੀ ਏ | ਚੋਣਵਾਂ ਵਿਸ਼ਾ | ਕੰਪਿਊਟਰ | ਚੋਣਵਾ ਵਿਸ਼ਾ | ---- | ---- |
| 6 | 18.09.2015 | ਸ਼ੁੱਕਰਵਾਰ | ਹਿੰਦੀ | ਪੰਜਾਬੀ ਬੀ | ਪੰਜਾਬੀ | ਹਿੰਦੀ | ਪੰਜਾਬੀ | ਅੰਗਰੇਜ਼ੀ | ਗਣਿਤ |
| 7 | 19.09.2015 | ਸ਼ਨੀਵਾਰ | ਕੰਪਿਊਟਰ ਸਿੱਖਿਆ | ਕੰਪਿਊਟਰ | ਕੰਪਿਊਟਰ ਸਿੱਖਿਆ | ਚੋਣਵਾਂ ਵਿਸ਼ਾ | ---- | ਵਾਤਾਵਰਨ ਸਿੱਖਿਆ | ਹਿੰਦੀ |
| 8 | 21.09.2015 | ਸੋਮਵਾਰ | ਸਮਾਜਿਕ ਸਿੱਖਿਆ | ਸਮਾਜਿਕ ਸਿੱਖਿਆ | ਹਿੰਦੀ | ---- | ਗਣਿਤ | ਪੰਜਾਬੀ | ਵਾਤਾਰਵਰਨ ਸਿੱਖਿਆ |
| 9 | 22.09.2015 | ਮੰਗਲਵਾਰ | ਸਰੀਰਕ ਸਿੱਖਿਆ | ਚੋਣਵਾ ਵਿਸ਼ਾ | ---- | ਸਮਾਜਿਕ ਸਿੱਖਿਆ | ਕੰਪਿਊਟਰ | | |
| 10 | 24.09.2015 | ਵੀਰਵਾਰ | ਸਾਇੰਸ | ਅੰਗਰੇਜ਼ੀ | ਸਾਇੰਸ | ਗਣਿਤ | ਅੰਗਰੇਜ਼ੀ | | |

ਮੁਲਾਂਕਣ/ਪ੍ਰੀਖਿਆ ਦਾ ਸਮਾਂ ਸਵੇਰੇ 8:30 ਵਜੇ ਤੋਂ ਦੁਪਹਿਰ 11:30 ਵਜੇ ਤੱਕ ਰਹੇਗਾ। ਸਕੂਲ ਦੇ ਅਨੁਸ਼ਾਸ਼ਨ ਦੀ ਜਿੰਮੇਵਾਰੀ ਪ੍ਰਿੰਸੀਪਲ/ਹੈਡ ਮਾਸਟਰ/ ਸਕੂਲ ਇੰਚਾਰਜ ਦੀ ਹੋਵੇਗੀ।

3.0 ਕੰਪਿਊਟਰ ਅਧਿਆਪਕ ਆਪਣੇ ਵਿਸ਼ੇ ਦੇ ਮੁਲਾਂਕਣ ਟੂਲਜ਼/ਪੇਪਰ ਆਪਣੇ ਪੱਧਰ ਤੇ ਪੈਟਰਨ ਅਨੁਸਾਰ ਤਿਆਰ ਕਰਨਗੇ। ਜਿਸਦਾ ਸਮਾਂ ਦੋ ਘੰਟੇ ਹੋਵੇਗਾ। ਪ੍ਰੈਕਟੀਕਲ ਮੁਲਾਂਕਣ ਲਿਖਤੀ ਮੁਲਾਂਕਣ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇ।

4.0 ਛੇਵੀਂ ਤੋਂ ਦਸਵੀਂ ਜਮਾਤ ਦੇ ਸਾਇੰਸ/ ਹਿਸਾਬ/ ਚੋਣਵੇ ਵਿਸ਼ੇ ਦੀ ਪ੍ਰਯੋਗੀ ਪ੍ਰੀਖਿਆ/ ਮੁਲਾਂਕਣ ਵੀ ਸਬੰਧਤ ਵਿਸ਼ਾ ਅਧਿਆਪਕਾਂ ਵੱਲੋਂ ਲਿਖਤੀ ਮੁਲਾਂਕਣ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇ।

5.0 ਗਿਆਰਵੀਂ ਅਤੇ ਬਾਰ੍ਹਵੀਂ ਜਮਾਤਾਂ ਦੀ ਪ੍ਰੀਖਿਆ (ਸਤੰਬਰ 2015) ਦੇ ਮੁਲਾਂਕਣ ਲਈ ਸਕੂਲ ਮੁੱਖੀ ਆਪਣੇ ਪੱਧਰ ਤੇ ਸਬੰਧਤ ਵਿਸ਼ਾ ਅਧਿਆਪਕਾਂ ਦੁਆਰਾ, ਪਹਿਲਾਂ ਦੀ ਤਰ੍ਹਾਂ ਪੇਪਰ ਤਿਆਰ ਕਰਵਾ ਲੈਣ ਅਤੇ ਸਕੂਲ ਮੁੱਖੀ ਆਪਣੇ ਪੱਧਰ ਤੇ ਗਿਆਰਵੀਂ ਅਤੇ ਬਾਰ੍ਹਵੀਂ ਜਮਾਤਾਂ ਦੀਆਂ ਸਾਰੀਆਂ Streams ਲਈ ਸਮਾਂ ਸਾਰਣੀ ਜਾਰੀ ਕਰ ਲੈਣ।

6.0 ਗਿਆਰਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਦੀ ਸਮਾਂ ਸਾਰਣੀ ਜਾਰੀ ਕਰਨ ਲੱਗਿਆਂ ਸਕੂਲ ਮੁਖੀ ਵੱਲੋਂ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਇਹਨਾਂ ਜਮਾਤਾਂ ਦਾ ਲਿਖਤੀ ਮੁਲਾਂਕਣ ਵੀ ਮਿਤੀ 10 ਸਤੰਬਰ 2015 ਤੋਂ 24 ਸਤੰਬਰ 2015 ਤੱਕ ਕਰਵਾ ਲਿਆ ਜਾਵੇ ਤਾਂ ਜੋ ਸਾਰੇ ਸਕੂਲਾਂ ਵਿੱਚ ਮੁਲਾਂਕਣ ਦਾ ਸਮਾਂ ਇਕਸਾਰ ਰਹੇ। ਇਸ ਤੋਂ ਇਲਾਵਾ ਜਿਹਨਾਂ ਵਿਸ਼ਿਆਂ ਦਾ ਪ੍ਰਯੋਗੀ ਮੁਲਾਂਕਣ ਹੋਣਾ ਹੈ, ਉਹ ਲਿਖਤੀ ਪ੍ਰੀਖਿਆ ਤੋਂ ਪਹਿਲਾਂ ਮੁਕੰਮਲ ਕਰ ਲਏ ਜਾਣ।

7.0 ਪਹਿਲੀ ਤੋਂ ਤੀਜੀ ਜਮਾਤਾਂ ਦਾ ਮੁਲਾਂਕਣ ਪ੍ਰਵੇਸ਼ ਪ੍ਰੋਜੈਕਟ ਤਹਿਤ ਕੀਤਾ ਜਾ ਰਿਹਾ ਹੈ।

8.0 ਬੱਚਿਆਂ ਦੀ ਕਾਰਗੁਜਾਰੀ 30 ਸਤੰਬਰ, 2015 ਨੂੰ ਦੱਸੀ ਜਾਵੇਗੀ। ਇਸ ਲਈ ਸਮੂਹ ਸਕੂਲ ਮੁੱਖੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਾਪੇ-ਅਧਿਆਪਕ ਮਿਲਣੀ (PTM) 30 ਸਤੰਬਰ 2015 ਨੂੰ ਲਾਜ਼ਮੀ ਤੌਰ ਤੇ ਸਵੇਰੇ 9:00 ਵਜੇ ਤੋਂ 1:00 ਵਜੇ ਤੱਕ ਆਯੋਜਿਤ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਸਾਂਝੀ ਕੀਤੀ ਜਾ ਸਕੇ ਅਤੇ ਵਿਦਿਆਰਥੀਆਂ ਦੇ ਭਵਿੱਖ ਲਈ ਸਕਾਰਤਮਕ ਸਿੱਟੇ ਨਿਕਲ ਸਕਣ।

9.0 ਸਮੂਹ ਸਕੂਲ ਮੁੱਖੀ, ਜਮਾਤ ਇੰਚਾਰਜ ਦੁਆਰਾ ਉੱਕਤ ਸਮਾਂ ਸਾਰਣੀ ਨੂੰ ਵਿਦਿਆਰਥੀਆਂ ਦੀ ਕਾਪੀ ਤੇ ਨੋਟ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਸਹੀ ਤਰੀਕੇ ਨਾਲ ਦੁਹਰਾਈ ਕਰਵਾਉਣ ਲਈ ਵਿਸ਼ਾ ਅਧਿਆਪਕ ਨੂੰ ਦੁਹਰਾਈ ਚਾਰਟ ਬਣਾਉਣ ਦੀ ਹਦਾਇਤ ਕਰਨ।

10.0 ਉੱਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ

ਪਿੱਠ ਅੰਕਣ ਨੰ: ਸਸਅ/ਐਮਸੀ/2015/3398 ਮਿਤੀ : 19-8-2015

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡੀ.ਪੀ.ਆਈ. (ਸੈ.ਸਿ.), ਪੰਜਾਬ।
2. ਡੀ.ਪੀ.ਆਈ. (ਐ.ਸਿ.), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
4. ਡਿਪਟੀ ਐਸ.ਪੀ.ਡੀ. (ਆਰ.ਐਮ.ਐਸ.ਏ.), ਪੰਜਾਬ।
5. ਡੀ.ਐਮ. (ਐਮ.ਆਈ.ਐਸ.)।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ